**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਅਤੇ**
**ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਟੀ,ਪੰਜਾਬ,**
**ਐਸ. ਸੀ. ਓ ਨੰ. 104 -106, ਸੈਕਟਰ 34 ਏ, ਚੰਡੀਗੜ੍ਹ**

ਸੇਵਾ ਵਿਖੇ

1. ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.),
2. ਜ਼ਿਲ੍ਹਾ ਸਾਇੰਸ ਸੁਪਰਵਾਇਜਰ

ਮੀਮੋ ਨੰ ਸਸਅ/ਮੈਥ ਸੈੱਲ/09/77411-77450
ਮਿਤੀ ਚਡੀਗੜ੍ਹ 30.11.2009

**ਵਿਸ਼ਾ ਸਰਕਾਰੀ ਸਕੂਲਾਂ ਦੇ ਨਿਰੀਖਣ ਬਾਰੇ ।**

1.0 ਉਪਰੋਕਤ ਵਿਸ਼ੇ ਤੇ ਇਸ ਦਫ਼ਤਰ ਦੇ ਮੀਮੋ ਨੰ ਸਸਅ/ਮੈਥ ਸੈੱਲ/09/74755-74814 ਮਿਤੀ 3.11.2009 ਰਾਹੀਂ ਜਾਰੀ ਕੀਤੀਆ ਹਦਾਇਤਾਂ ਦੀ ਲਗਾਤਾਰਤਾ ਵਿੱਚ ।

2.0 ਉਕਤ ਹਦਾਇਤਾਂ ਦੇ ਰਾਹੀਂ ਜ਼ਿਲ੍ਹਾ ਪੱਧਰ ਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਦੀ ਪ੍ਰਧਾਨਗੀ ਹੇਠਾਂ ਇੱਕੋ ਨਿਰੀਖਣ ਟੀਮ ਬਨਾਉਣ ਬਾਰੇ ਹਦਾਇਤਾਂ ਕੀਤੀਆਂ ਗਈਆਂ ਸਨ ਪਰੰਤੂ ਜ਼ਿਲ੍ਹਾ ਸਾਇੰਸ ਸੁਪਰਵਾਇਜ਼ਰਾਂ ਦੀ ਮਹੀਨਾਵਾਰ ਮੀਟਿੰਗਾਂ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਜ਼ਿਲ੍ਹਾ ਸਿੱਖਿਆ ਅਫ਼ਸਰ ਜਿੱਥੇ ਕਿਤੇ ਉਹ ਨਿਰੀਖਣ ਤੇ ਨਹੀਂ ਜਾ ਸਕਦੇ ਤਾਂ ਵੀ ਬਾਕੀ ਸਾਰੀ ਟੀਮ ਦੇ ਮੈਂਬਰਾਂ ਨੂੰ ਆਪਣੇ ਨਾਲ ਰਲਾ ਰਹੇ ਹਨ ਅਤੇ ਇਨ੍ਹਾਂ ਮੈਂਬਰਾਂ ਨੂੰ ਡੀ.ਐਸ.ਐਸ. ਦੀ ਪ੍ਰਧਾਨਗੀ ਹੇਠਾਂ ਬਣਾਈ ਗਈ ਜ਼ਿਲ੍ਹਾ ਪੱਧਰ ਦੀ ਨਿਰੀਖਣ ਟੀਮ ਵਿੱਚ ਸ਼ਾਮਲ ਹੋਣ ਤੋਂ ਰੋਕਿਆ ਜਾ ਰਿਹਾ ਹੈ ।

3.0 ਇਸ ਮੁੱਦੇ ਤੇ ਬੜੀ ਡੂੰਘਾਈ ਨਾਲ ਵਿਚਾਰ ਕੀਤਾ ਗਿਆ ਹੈ । ਇਸ ਬਾਰੇ ਮੁੜ ਸਪੱਸ਼ਟ ਕੀਤਾ ਜਾਂਦਾ ਹੈ ਕਿ ਜ਼ਿਲ੍ਹਾ ਪੱਧਰ ਤੇ ਇੱਕੋ ਨਿਰੀਖਣ ਟੀਮ ਬਣਾਈ ਗਈ ਹੈ ਜਿਸ ਦੀ ਪ੍ਰਧਾਨਗੀ ਆਮ ਤੌਰ ਤੇ ਡੀ.ਐਸ.ਐਸ. ਕਰਨਗੇ ਪਰੰਤੂ ਜ਼ਿਲ੍ਹਾ ਸਿੱਖਿਆ ਅਫ਼ਸਰ ਵੱਲੋਂ ਵੀ ਸਕੂਲਾਂ ਦੇ ਨਿਰੀਖਣ ਕਰਨੇ ਜ਼ਰੂਰੀ ਹਨ ਅਤੇ ਇਸ ਗੱਲ ਨੂੰ ਮੁੱਖ ਰੱਖਦੇ ਹੋਇਆ ਜ਼ਿਲ੍ਹਾ ਸਿੱਖਿਆ ਅਫ਼ਸਰ ਵੱਲੋਂ ਕਰਨ ਵਾਲੀਆ ਨਿਰੀਖਣਾ ਬਾਰੇ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇਸ ਟੀਮ ਦੇ ਨਾਲ ਹੀ ਨਿਰੀਖਣ ਕਰਨ । ਇਸ ਤਰ੍ਹਾਂ ਜਿਸ ਦਿਨ ਜ਼ਿਲ੍ਹਾ ਸਿੱਖਿਆ ਅਫ਼ਸਰ ਖੁਦ ਨਿਰੀਖਣ ਕਰ ਰਹੇ ਹੋਣ, ਉਸ ਦਿਨ ਟੀਮ ਦੀ ਅਗਵਾਈ ਜ਼ਿਲ੍ਹਾ ਸਿੱਖਿਆ ਅਫ਼ਸਰ ਅਤੇ ਉਨ੍ਹਾਂ ਦੀ ਗੈਰ-ਹਾਜ਼ਰੀ ਵਿੱਚ ਟੀਮ ਦੀ ਪ੍ਰਧਾਨਗੀ ਡੀ.ਐਸ.ਐਸ. ਕਰਨਗੇ ।

ਇਹਨਾਂ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕੀਤੀ ਜਾਵੇ ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ

ਉਤਾਰਾ : ਡੀ.ਐਮ. (ਐਮ.ਆਈ.ਐਸ.) ਨੂੰ ਵੈੱਬ ਸਾਈਟ ਤੇ ਪਾਉਣ ਲਈ